# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 19-10-2024**

- ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਸਿੱਖਿਆ ਦਾ ਵਪਾਰੀਕਰਨ ਸਿੱਖਿਆ ਦੀ ਗੁਣਵੱਤਾ ’ਤੇ ਮਾੜਾ ਅਸਰ ਪਾ ਰਿਹਾ ਏ, ਜਿਸਨੂੰ ਰੋਕਣ ਦੀ ਜਰੂਰਤ ਏ।
- ਕੇਂਦਰ ਸਰਕਾਰ ਵੱਲੋਂ ਮਨਜ਼ੂਰਸ਼ੁਦਾ ਕਣਕ ਦੀਆਂ 13 ਨਵੀਆਂ ਕਿਸਮਾਂ ਦੇ ਬੀਜਾਂ ਦੀ ਵੰਡ ਦਾ ਕੰਮ ਕਰਨਾਲ ਦੇ ਰਾਸ਼ਟਰੀ ਕਣਕ ਅਤੇ ਜੌਂ ਖੋਜ ਸੰਸਥਾਨ ਵਿੱਚ ਅੱਜ ਤੋਂ ਸ਼ੁਰੂ।
- ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ, ਪੰਜਾਬ ਇੰਜਨੀਅਰਿੰਗ ਕਾਲਜ ਦੀ 54ਵੀਂ ਕਨਵੋਕੇਸ਼ਨ ਦੌਰਾਨ, ਕਰੀਬ 763 ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕੀਤੀਆਂ।

- ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ।
- 41ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ, ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਅੱਜ ਤੋਂ ਸ਼ੁਰੂ।

---------------------------------------------------------

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਸਿੱਖਿਆ ਦਾ ਵਪਾਰੀਕਰਨ ਸਿੱਖਿਆ ਦੀ ਗੁਣਵੱਤਾ ’ਤੇ ਮਾੜਾ ਅਸਰ ਪਾ ਰਿਹਾ ਏ। ਸ੍ਰੀ ਧਨਖੜ ਅੱਜ ਰਾਜਸਥਾਨ ਦੇ ਸੀਕਰ ਵਿੱਚ ਇੱਕ ਨਿੱਜੀ ਵਿਦਿਅਕ ਸੰਸਥਾ ਦੇ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸਿੱਖਿਆ ਦਾ ਵਪਾਰ ਬਣ ਜਾਣਾ ਦੇਸ਼ ਦੇ ਭਵਿੱਖ ਲਈ ਚੰਗਾ ਨਹੀਂ ਏ। ਉਨ੍ਹਾਂ ਕਿਹਾ ਕਿ ਸਿੱਖਿਆ ਆਮਦਨ ਦਾ ਸਾਧਨ ਨਹੀਂ ਏ, ਸਗੋਂ ਇਹ ਤਿਆਗ, ਦਾਨ ਅਤੇ ਨਰੋਏ ਸਮਾਜ ਦੀ ਉਸਾਰੀ ਦਾ ਮਾਧਿਅਮ ਏ। ਸ੍ਰੀ ਧਨਖੜ ਨੇ ਕਿਹਾ ਕਿ ਅੱਜ ਸਿੱਖਿਆ ਇੱਕ 'ਵਸਤੂ' ਬਣ ਗਈ ਏ ਜੋ

ਮੁਨਾਫੇ ਲਈ ਵੇਚੀ ਜਾ ਰਹੀ ਏ ਅਤੇ ਇਸ ਨਾਲ ਸਿੱਖਿਆ ਦੀ ਗੁਣਵੱਤਾ 'ਤੇ ਮਾੜਾ ਅਸਰ ਪੈ ਰਿਹਾ ਏ।

---------------------------------------------------------------

ਕੇਂਦਰ ਸਰਕਾਰ ਵੱਲੋਂ ਮਨਜ਼ੂਰਸ਼ੁਦਾ ਕਣਕ ਦੀਆਂ 13 ਨਵੀਆਂ ਕਿਸਮਾਂ ਦੇ ਬੀਜਾਂ ਦੀ ਵੰਡ ਦਾ ਕੰਮ ਹਰਿਆਣਾ ਦੇ ਕਰਨਾਲ ਸਥਿਤ ਰਾਸ਼ਟਰੀ ਕਣਕ ਅਤੇ ਜੌਂ ਖੋਜ ਸੰਸਥਾਨ ਵਿੱਚ ਅੱਜ ਤੋਂ ਸ਼ੁਰੂ ਹੋ ਗਿਆ ਏ । ਦੇਸ਼ ਭਰ ਦੇ 22 ਹਜ਼ਾਰ ਕਿਸਾਨਾਂ ਨੇ ਨਵੀਆਂ ਕਿਸਮਾਂ ਦੇ ਬੀਜ ਲੈਣ ਲਈ ਪੋਰਟਲ 'ਤੇ ਆਪਣੇ ਆਪ ਨੂੰ ਰਜਿਸਟਰ ਕੀਤਾ ਸੀ । ਸੰਸਥਾ ਦੇ ਡਾਇਰੈਕਟਰ ਡਾ: ਰਤਨ ਤਿਵਾੜੀ ਨੇ ਦੱਸਿਆ ਕਿ ਬੀਜ ਇਕੱਤਰ ਕਰਨ ਲਈ, ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਅਤੇ ਰਾਜਸਥਾਨ ਤੋਂ 17 ਹਜ਼ਾਰ ਕਿਸਾਨਾਂ ਦੇ ਆਉਣ ਦੀ ਸੰਭਾਵਨਾ ਏ । ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਉਹ, 25 ਅਕਤੂਬਰ ਤੋਂ 5 ਨਵੰਬਰ ਤੱਕ ਕਣਕ ਦੀਆਂ ਅਗੇਤੀਆਂ ਕਿਸਮਾਂ ਦੀ ਬਿਜਾਈ ਕਰ ਸਕਦੇ ਨੇ । ਉਨ੍ਹਾਂ ਦੱਸਿਆ ਕਿ ਅੱਜ ਬੀਜ ਵੰਡ ਦੇ ਨਾਲ-ਨਾਲ ਸੰਸਥਾ ਵਿੱਚ ਕਿਸਾਨ-ਵਿਗਿਆਨਕ ਸੰਵਾਦ ਵੀ ਕਰਵਾਇਆ ਗਿਆ, ਜਿਸ ਵਿੱਚ ਖੇਤੀ ਵਿਗਿਆਨੀਆਂ ਨੇ

ਕਿਸਾਨਾਂ ਨੂੰ ਨਵੀਂ ਤਕਨੀਕ ਬਾਰੇ ਦੱਸਿਆ। ਸੰਸਥਾ ਦੇ ਨੋਡਲ ਅਫ਼ਸਰ ਅਮਿਤ ਸ਼ਰਮਾ ਨੇ ਦੱਸਿਆ ਕਿ ਕਣਕ ਦੀਆਂ ਇਹ ਕਿਸਮਾਂ, ਦੇਸ਼ ਦੇ ਵੱਖ-ਵੱਖ ਸੂਬਿਆਂ ਦੀ ਭੂਗੋਲਿਕ ਸਥਿਤੀ ਮੁਤਾਬਿਕ ਤਿਆਰ ਕੀਤੀਆਂ ਗਈਆਂ ਨੇ। ਕਣਕ ਦੀਆਂ ਨਵੀਆਂ ਕਿਸਮਾਂ ਨਾ ਸਿਰਫ਼ ਵੱਧ ਉਤਪਾਦਨ ਦਿੰਦੀਆਂ ਨੇ ਸਗੋਂ ਬਿਮਾਰੀਆਂ ਪ੍ਰਤੀ ਰੋਧਕ ਵੀ ਹੁੰਦੀਆਂ ਨੇ। ਕਣਕ ਦੀਆਂ ਪ੍ਰਵਾਨਿਤ ਕਿਸਮਾਂ ਵਿੱਚ ਜੌਂ ਦੀ ਕਿਸਮ DWRV- 137 ਵੀ ਸ਼ਾਮਲ ਏ ਜੋ ,ਪਸ਼ੂਆਂ ਦੇ ਚਾਰੇ ਲਈ ਢੁਕਵੀਂ ਏ।

---------------------------------------------------

ਵਿਜਯਾ ਰਹਾਟਕਰ ਨੂੰ ਰਾਸ਼ਟਰੀ ਮਹਿਲਾ ਕਮਿਸ਼ਨ NCW ਦੀ ਚੇਅਰਪਰਸਨ ਨਿਯੁਕਤ ਕੀਤਾ ਗਿਆ ਏ। ਇਸ ਸਬੰਧੀ ਔਰਤ ਅਤੇ ਬਾਲ ਵਿਕਾਸ ਮੰਤਰਾਲੇ ਵੱਲੋਂ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਏ। ਵਿਜਯਾ ਰਹਾਟਕਰ ਨੇ ਮਹਾਰਾਸ਼ਟਰ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਅਤੇ ਔਰੰਗਾਬਾਦ ਦੀ ਮੇਅਰ ਵਜੋਂ ਸੇਵਾ ਨਿਭਾਈ ਏ। ਉਹ BJP ਦੀ ਰਾਸ਼ਟਰੀ ਸਕੱਤਰ ਅਤੇ ਪਾਰਟੀ ਦੇ ਮਹਿਲਾ ਵਿੰਗ ਦੀ ਪ੍ਰਧਾਨ ਵਜੋਂ ਵੀ ਕੰਮ ਕਰ ਚੁੱਕੇ। ਮੰਤਰਾਲੇ ਨੇ ਡਾਕਟਰ ਅਰਚਨਾ

ਮਜੂਮਦਾਰ ਦੀ ਰਾਸ਼ਟਰੀ ਮਹਿਲਾ ਕਮਿਸ਼ਨ ਦੀ ਮੈਂਬਰ ਵਜੋਂ ਨਿਯੁਕਤੀ ਬਾਰੇ ਵੀ ਸੂਚਿਤ ਕੀਤਾ।

-----------------------------------------------------------

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਇੰਜਨੀਅਰਿੰਗ ਕਾਲਜ ਦੀ 54ਵੀਂ ਕਨਵੋਕੇਸ਼ਨ ਦੌਰਾਨ, ਕਰੀਬ 763 ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕੀਤੀਆਂ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਕਟਾਰੀਆ ਨੇ ਪੰਜਾਬ ਇੰਜਨੀਅਰਿੰਗ ਕਾਲਜ ਦੀ ਅਮੀਰ ਵਿਰਾਸਤ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ 100 ਸਾਲਾਂ ਤੋਂ ਵੱਧ ਦੀ ਆਪਣੀ ਵਿਲੱਖਣ ਯਾਤਰਾ ਵਿੱਚ, ਸੰਸਥਾ ਨੇ ਦੇਸ਼ ਨੂੰ ਵਿਸ਼ਵ ਪ੍ਰਸਿੱਧ ਵਿਗਿਆਨੀ, ਇੰਜੀਨੀਅਰ, ਖੋਜਕਰਤਾ, ਨੌਕਰਸ਼ਾਹ, ਉੱਦਮੀ ਅਤੇ ਕਲਾਕਾਰ ਦਿੱਤੇ ਨੇ। ਆਪਣੇ ਸੰਬੋਧਨ ਵਿੱਚ, ਸ਼੍ਰੀ ਕਟਾਰੀਆ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ India@2047 ਦੇ ਵਿਜ਼ਨ ਦੀ ਵੀ ਸ਼ਲਾਘਾ ਕੀਤੀ, ਜਿਸਦਾ ਉਦੇਸ਼ ਆਜ਼ਾਦੀ ਦੀ ਸਦੀ ਤੱਕ ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣਾ ਏ। ਰਾਜਪਾਲ ਨੇ ਮੇਕ ਇਨ ਇੰਡੀਆ

ਅਤੇ ਡਿਜੀਟਲ ਇੰਡੀਆ ਵਰਗੇ ਰਾਸ਼ਟਰੀ ਮਿਸ਼ਨਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ, ਵਿਦਿਆਰਥੀਆਂ ਅਤੇ ਨੌਜਵਾਨ ਪੇਸ਼ੇਵਰਾਂ ਨੂੰ ਸਵਦੇਸ਼ੀ ਨਵੀਨਤਾ ਅਤੇ ਤਕਨੀਕੀ ਵਿਕਾਸ ਨੂੰ ਉਤਸ਼ਾਹਿਤ ਕਰਕੇ ਇੱਕ ਸਵੈ-ਨਿਰਭਰ ਭਾਰਤ ਬਣਾਉਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਰਾਜਪਾਲ ਨੇ ਕਿਹਾ ਕਿ ਪੰਜਾਬ ਇੰਜਨੀਅਰਿੰਗ ਕਾਲਜ 1960 ਦੇ ਦਹਾਕੇ ਵਿੱਚ ਭਾਰਤੀ ਹਵਾਈ ਸੈਨਾ ਲਈ ਏਅਰੋਨਾਟਿਕਲ ਇੰਜੀਨੀਅਰ ਪੈਦਾ ਕਰਨ ਵਿੱਚ ਆਪਣੀ ਭੂਮਿਕਾ ਤੋਂ ਲੈ ਕੇ ਹਾਲ ਹੀ ਵਿੱਚ 5ਜੀ ਯੂਜ਼ ਕੇਸ ਲੈਬ ਅਤੇ ਸੈਮੀਕੰਡਕਟਰ ਮਿਸ਼ਨ ਵਿੱਚ ਸ਼ਾਮਲ ਕਰਨ ਲਈ, ਭਾਰਤ ਸਰਕਾਰ ਦੁਆਰਾ ਮਾਨਤਾ ਪ੍ਰਾਪਤ ਕਰਨ ਤੱਕ, ਦੀਆਂ ਲੋੜਾਂ ਪੂਰੀਆਂ ਕਰ ਰਹੀ ਹੈ। ਦੇਸ਼ ਨਾਲ ਨੇੜਿਓਂ ਜੁੜਿਆ ਹੋਇਆ ਏ।

ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਦੇ ਹੋਏ, ਰਾਜਪਾਲ ਨੇ ਨਿਰੰਤਰ ਸਿੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਗ੍ਰੈਜੂਏਟਾਂ ਨੂੰ ਸਮਾਜ ਅਤੇ ਰਾਸ਼ਟਰ ਦੇ ਵਿਕਾਸ ਲਈ ਆਪਣੇ ਗਿਆਨ ਅਤੇ ਹੁਨਰ ਦੀ ਵਰਤੋਂ ਕਰਨ ਦੀ ਅਪੀਲ ਕੀਤੀ।

---------------------------------------------------------------

ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਕਥਾ ਕਰਦਿਆਂ, ਪ੍ਰਸਿੱਧ ਕਥਾਵਾਚਕ ਗਿਆਨੀ ਪਿੰਦਰਪਾਲ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਤੋਂ ਇਲਾਵਾ ਕਵੀ ਦਰਬਾਰ ਵਿਚ ਪੰਥਕ ਕਵੀਆਂ ਨੇ, ਚੌਥੇ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੀ ਦੇਣ ਨੂੰ ਕਵਿਤਾਵਾਂ ਰਾਹੀਂ ਸੰਗਤਾਂ ਨਾਲ। ਸ਼੍ਰੋਮਣੀ ਕਮੇਟੀ ਵੱਲੋਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਕੂਲਾਂ ਕਾਲਜਾਂ ਦੇ ਬੱਚਿਆਂ ਦੇ ਕਰਵਾਏ ਗਏ ਧਾਰਮਿਕ ਮੁਕਾਬਲਿਆਂ ’ਚੋਂ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ, ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਨਮਾਨਿਤ ਵੀ ਕੀਤਾ ਗਿਆ। ਇਹ ਮੁਕਾਬਲੇ ਬੀਤੇ ਵੱਖ-ਵੱਖ ਦਿਨਾਂ ਵਿਚ ਕਰਵਾਏ ਗਏ ਸਨ। ਵੱਖ-ਵੱਖ ਮਹਾਂਪੁਰਖਾਂ ਅਤੇ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧ ਵੱਲੋਂ ਸੰਗਤਾਂ ਵਾਸਤੇ ਲੰਗਰ ਦੇ ਪ੍ਰਬੰਧ ਕੀਤੇ ਗਏ ਸਨ।

---------------------------------------------------------------

ਓਧਰ ਮੋਹਾਲੀ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ

ਸ਼ਹੀਦਾਂ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਮਲਕੀਤ ਸਿੰਘ ਜੀ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ, ਗੁਰੂ ਜੀ ਦਾ ਜੀਵਨ ਬ੍ਰਿਤਾਂਤ ਅਤੇ ਗੁਰੂ ਸਾਹਿਬਾਨ ਜੀ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਉਸਾਰੀ ਕਰਵਾਉਣ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਭਾਈ ਗੁਰਦੀਪ ਸਿੰਘ ਨਾਨਕਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਇਸ ਮੌਕੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ। ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਪਹਿਲੀ ਨਵੰਬਰ ਨੂੰ ਬੰਦੀ ਛੋੜ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ।

---------------------------------------------------

ਲੁਧਿਆਣਾ ਵਿਖੇ ਪ੍ਰੋ ਮੋਹਨ ਸਿੰਘ ਯਾਦਗਾਰੀ ਫਾਊਂਡੇਸ਼ਨ ਵੱਲੋਂ,

20 ਤੇ 21 ਅਕਤੂਬਰ ਨੂੰ ਆਯੋਜਿਤ ਕੀਤੇ ਜਾ ਰਹੇ 46ਵੇਂ ਪ੍ਰੋ ਮੋਹਨ ਸਿੰਘ ਯਾਦਗਾਰੀ ਅੰਤਰ-ਰਾਸ਼ਟਰੀ ਪੰਜਾਬੀ ਸਭਿਅਚਾਰਕ ਮੇਲੇ ਦੌਰਾਨ ਦਿੱਤੇ ਜਾਣ ਵਾਲੇ ਪੁਰਸਕਾਰਾਂ ਦਾ ਐਲਾਨ ਕਰ ਦਿੱਤਾ ਗਿਆ ਏ। ਫਾਊਂਡੇਸ਼ਨ ਦੇ ਸਰਪ੍ਰਸਤ ਪਰਗਟ ਸਿੰਘ ਗਰੇਵਾਲ ਨੇ ਦੱਸਿਆ ਕਿ ਇਸ ਮੇਲੇ ਦੌਰਾਨ ਪੰਜਾਬੀ ਸੂਫੀ ਗਾਇਕੀ ਵਿੱਚ ਵਿਸ਼ੇਸ਼ ਸਥਾਨ ਰੱਖਣ ਵਾਲੀਆਂ ਹਸਤੀਆਂ ਨੂੰ ਵੱਖ-ਵੱਖ ਪੁਰਸਕਾਰਾਂ ਨਾਲ ਸਨਮਾਨਤ ਕੀਤਾ ਜਾਵੇਗਾ। ਇਹ ਪੁਰਸਕਾਰ 21 ਅਕਤੂਬਰ ਨੂੰ ਲੁਧਿਆਣਾ ਦੇ ਏ.ਵੀ.ਐਮ ਪਬਲਿਕ ਸਕੂਲ ਵਿਖੇ ਹੋਣ ਵਾਲੇ ਸਭਿਆਚਾਰਕ ਸਮਾਰੋਹ ਦੌਰਾਨ ਪ੍ਰਦਾਨ ਕੀਤੇ ਜਾਣਗੇ। 20 ਅਕਤੂਬਰ ਨੂੰ ਪੰਜਾਬੀ ਭਵਨ ਵਿਖੇ ਪੰਜਾਬੀ ਸਾਹਿਤ ਅਕਾਦਮੀ ਦੇ ਸਹਿਯੋਗ ਨਾਲ ਸਾਹਿਤ ਸਮਾਗਮ ਹੋਣਗੇ, ਜਿਸ ਵਿੱਚ ਪ੍ਰੋ. ਮੋਹਨ ਸਿੰਘ ਬਾਰੇ ਸੈਮੀਨਾਰ ਅਤੇ ਕਵੀ ਦਰਬਾਰ ਹੋਵੇਗਾ ਤੇ 21 ਅਕਤੂਬਰ ਸਭਿਆਚਾਰਕ ਪ੍ਰੋਗਰਾਮ ਅਤੇ ਸਨਮਾਨ ਸਮਾਰੋਹ ਵਿੱਚ ਲੱਗੇਗਾ, ਜਿਸਦਾ ਉਦਘਾਨ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੰਡੀਆਂ ਕਰਨਗੇ।

---------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਨਵੀਆਂ ਚੁਣੀਆਂ ਪੰਚਾਇਤਾਂ ਦੇ ਪੰਚਾਂ, ਸਰਪੰਚਾਂ ਨੂੰ ਕਿਹਾ ਕਿ ਉਹ, ਬਿਨਾਂ ਭੇਦਭਾਵ ਪਿੰਡਾਂ ਦਾ ਸਰਵਪੱਖੀ ਵਿਕਾਸ ਕਰਵਾਉਣ ਅਤੇ ਵਿਕਾਸ ਦੀ ਰਫਤਾਰ ਨੂੰ ਹੋਰ ਗਤੀ ਦੇਣ ਲਈ ਯੋਜਨਾਂਬੱਧ ਢੰਗ ਨਾਲ ਕੰਮ ਕਰਨ। ਸ੍ਰੀ ਅਨੰਦਪੁਰ ਸਾਹਿਬ ਵਿਖੇ ਪੰਚਾ, ਸਰਪੰਚਾਂ ਦਾ ਸਨਮਾਨ ਕਰਨ ਮੌਕੇ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀ ਏ। ਉਨ੍ਹਾਂ ਕਿਹਾ ਕਿ ਹੁਣ ਪੰਚਾਂ, ਸਰਪੰਚਾਂ 'ਤੇ ਪਿੰਡਾਂ ਦੇ ਵਿਕਾਸ ਦੀ ਜਿੰਮੇਵਾਰੀ ਆ ਗਈ ਏ , ਇਸ ਨੂੰ ਬਿਨਾ ਭੇਦਭਾਵ ਤੇ ਬਿਨਾ ਪੱਖਪਾਤ ਤੋ ਨਿਭਾਉਣਾ , ਸਾਝੀਆਂ ਸੱਥਾਂ ਵਿਚ ਬੈਠ ਕੇ ਯੋਜਨਾਬੱਧ ਢੰਗ ਨਾਲ ਵਿਕਾਸ ਕਰਨ ਲਈ ਰੂਪ ਰੇਖਾ ਤਿਆਰ ਕੀਤੀ ਜਾਵੇ।

---------------------------------------------------------

ਬਠਿੰਡਾ ਦੇ ਜ਼ਿਲ੍ਹਾ ਮੈਜਿਸਟਰੇਟ ਸ਼ੌਕਤ ਅਹਿਮਦ ਪਰੇ ਨੇ ਦਿਵਾਲੀ ਦਾ ਤਿਉਹਾਰ ਅਤੇ ਗੁਰਪੁਰਬ ਦਾ ਦਿਹਾੜਾ ਮਨਾਉਣ ਦੇ ਮੱਦੇਨਜ਼ਰ 29, ਤੇ 30 ਅਕਤੂਬਰ ਅਤੇ 14 ਨਵੰਬਰ ਨੂੰ ਆਤਿਸ਼ਬਾਜੀ

ਅਤੇ ਪਟਾਖਿਆਂ ਦੀ ਵਿਕਰੀ ਕਰਨ ਲਈ ਥਾਵਾਂ ਨਿਰਧਾਰਿਤ ਕੀਤੀਆਂ ਨੇ । ਜ਼ਿਲ੍ਹਾ ਮੈਜਿਸਟਰੇਟ ਨੇ ਜਾਰੀ ਹੁਕਮਾਂ ਰਾਹੀਂ ਦੱਸਿਆ ਕਿ ਇਨ੍ਹਾਂ ਥਾਵਾਂ 'ਤੇ ਸਟਾਲਾਂ ਲਗਾ ਕੇ ਪਟਾਕਿਆਂ ਦੀ ਵਿਕਰੀ ਕਰਨ ਲਈ ਆਰਜੀ ਲਾਇਸੈਂਸ ਜਾਰੀ ਕਰਨ ਵਾਸਤੇ ਆਮ ਲੋਕਾਂ ਤੋਂ ਦਰਖਾਸਤਾਂ, ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਸੇਵਾ ਕੇਂਦਰ ਰਾਹੀਂ 20, 21 ਅਤੇ 22 ਅਕਤੂਬਰ ਨੂੰ ਪ੍ਰਾਪਤ ਕੀਤੀਆਂ ਜਾਣੀਆਂ ਨੇ । ਹੁਕਮ ਮੁਤਾਬੀਕ ਸਟਾਲਾਂ ਵਿੱਚ ਰੋਸ਼ਨੀ ਦੇ ਪ੍ਰਬੰਧ ਲਈ ਕੋਈ ਵੀ ਵਿਅਕਤੀ ਮਿੱਟੀ ਦੇ ਤੇਲ ਨਾਲ ਜਲਣ ਵਾਲੀ ਲਾਲਟੈਨ, ਗੈਸ ਨਾਲ ਚੱਲਣ ਵਾਲਾ ਲੈਂਪ, ਮੋਮਬੱਤੀਆਂ, ਮਾਚਿਸ ਇਸਤੇਮਾਲ ਨਹੀਂ ਕਰੇਗਾ ।

---------------------------------------------------------

41ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ, ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਹੁਣ ਤੋਂ ਥੋੜੀ ਦੇਰ ਵਿਚ ਸ਼ੁਰੂ ਹੋ ਰਿਹਾ ਏ । 8 ਦਿਨ ਚੱਲਣ ਵਾਲਾ ਇਹ ਟੂਰਨਾਮੈਂਟ ਇਹ ਲੀਗ-ਕਮ-ਨਾਕਆਊਟ ਆਧਾਰ 'ਤੇ ਖੇਡਿਆ ਜਾਵੇਗਾ । ਸਾਬਕਾ ਚੈਂਪੀਅਨ ਇੰਡੀਅਨ ਆਇਲ ਮੁੰਬਈ ਅਤੇ ਬੀ.ਐਸ.ਐਫ, ਜਲੰਧਰ ਅਤੇ

ਭਾਰਤੀ ਹਵਾਈ ਸੈਨਾ, ਨਵੀਂ ਦਿੱਲੀ ਪੂਲ ਏ ਵਿੱਚ ਨੇ । ਪੰਜਾਬ ਪੁਲਿਸ, ਭਾਰਤ ਪੈਟਰੋਲੀਅਮ ਮੁੰਬਈ ਅਤੇ ਸੀ.ਆਰ.ਪੀ.ਐਫ, ਨਵੀਂ ਦਿੱਲੀ ਪੂਲ-B ਵਿੱਚ , ਕੈਗ ਨਵੀਂ ਦਿੱਲੀ, ਭਾਰਤੀ ਰੇਲਵੇ ਨਵੀਂ ਦਿੱਲੀ ਅਤੇ ਆਰ.ਸੀ.ਐਫ ਕਪੂਰਥਲਾ ਨੂੰ ਪੂਲ-C, ਜਦਕਿ ਆਰਮੀ-ਇਲੈਵਨ ਦਿੱਲੀ, ਪੰਜਾਬ ਐਂਡ ਸਿੰਧ ਬੈਂਕ, ਨਵੀਂ ਦਿੱਲੀ ਅਤੇ ਇੰਡੀਅਨ ਨੇਵੀ ਮੁੰਬਈ ਨੂੰ ਪੂਲ-D ਵਿੱਚ ਰੱਖਿਆ ਗਿਆ ਹੈ ।

---------------------------------------------------------------

ਪੰਜਾਬ ਖੇਡ ਵਿਭਾਗ, ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ "ਖੇਡਾਂ ਵਤਨ ਪੰਜਾਬ ਦੀਆਂ-2024, ਸੀਜ਼ਨ-3" ਅਧੀਨ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚ 24 ਅਕਤੂਬਰ ਤੱਕ ਕਰਵਾਈਆਂ ਜਾਣ ਵਾਲੀਆਂ ਸੂਬਾ ਪੱਧਰੀ ਫੈਂਸਿੰਗ ਅਤੇ ਸਾਫਟਬਾਲ ਦੇ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਅੱਜ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਵਿਖੇ ਹੋਈ । ਜ਼ਿਲ੍ਹਾ ਖੇਡ ਅਫਸਰ, ਗੁਰਦੀਪ ਕੌਰ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਤਕਰੀਬਨ 4 ਹਜ਼ਾਰ ਖਿਡਾਰੀ ਹਿੱਸਾ ਲੈਣਗੇ, ਜਿਨਾਂ ਦੀ ਚੋਣ ਜ਼ਿਲ੍ਹਾ

ਪੱਧਰੀ ਖੇਡਾਂ ਅਤੇ ਚੋਣ ਟਰਾਇਲਾਂ ਦੇ ਆਧਾਰ 'ਤੇ ਹੋਈ ਏ। ਉਹਨਾਂ ਦੱਸਿਆ ਕਿ ਫੈਂਸਿੰਗ ਦੇ ਖੇਡ ਮੁਕਾਬਲੇ ਇੰਨਡੋਰ ਜ਼ਿਮਨੇਜ਼ੀਅਮ ਹਾਲ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਅਤੇ ਸਾਫਟਬਾਲ ਦੇ ਖੇਡ ਮੁਕਾਬਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਵਿਖੇ ਕਰਵਾਏ ਜਾ ਰਹੇ ਨੇ।

----------------------------------------------------------------

ਪਠਾਨਕੋਟ ਜ਼ਿਲਾ ਕਾਨੂੰਨੀ ਸੇਵਾ ਅਥਾਰਟੀ ਦੇ ਚੇਅਰਮੈਨ ਤੇ ਜਿਲ੍ਹਾ ਤੇ ਸੈਸ਼ਨ ਜੱਜ  ਜਤਿੰਦਰ ਪਾਲ ਸਿੰਘ ਖੁਰਮੀ ਅਤੇ ਸਕੱਤਰ ਰੁਪਿੰਦਰ ਸਿੰਘ ਦੀ ਅਗਵਾਈ ਹੇਠ,  ਬਮਿਆਲ ਵਿਖੇ ਪੰਜਾਬ ਰਾਜ ਮਹਿਲਾ ਕਮਿਸ਼ਨ ਅਤੇ ਕੌਮੀ ਮਹਿਲਾ ਕਮਿਸ਼ਨ ਤੇ ਅਧਾਰਿਤ ਮਹਿਲਾਵਾਂ ਤੇ ਇੱਕ ਜਾਗਰੂਕਤਾ ਸੈਮੀਨਾਰ ''ਵਿਧਾਨ ਸੇ ਸਮਾਧਾਨ'' ਕਰਵਾਇਆ  ਗਿਆ। ਇਸ ਮੌਕੇ ਐਡਵੋਕੇਟ ਰਖੀਆ ਪੰਡਿਤ ਅਤੇ ਰੋਮਿਕਾ ਨੇ  ਆਂਗਣਵਾੜੀ ਵਰਕਰ ਅਤੇ ਆਸ਼ਾ ਵਰਕਰ ਔਰਤਾਂ  ਨੂੰ ਉਨਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕੀਤਾ। ਬੁਲਾਰਿਆਂ ਨੇ ਦੱਸਿਆ ਕਿ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਹਰ ਔਰਤ  ਨੂੰ ਮੁਫਤ ਵਿੱਚ ਕਾਨੂੰਨੀ ਸਹਾਇਤਾ ਦਿੱਤੀ

ਜਾਂਦੀ ਏ। ਔਰਤਾਂ ਦਾ ਕਿਸੇ ਵੀ ਤਰ੍ਹਾਂ ਦਾ ਮਾਮਲਾ ਹੋਵੇ ਉਹਨਾਂ ਨੂੰ ਮੁਫਤ ਵਿੱਚ ਵਕੀਲ ਮੁਹਈਆ ਕਰਵਾ ਕੇ ਉਹਨਾਂ ਦਾ ਕੇਸ ਮੁਫ਼ਤ ਲੜਿਆ ਜਾਂਦਾ ਏ ਅਤੇ ਕਾਗਜ਼ਾ ਪੱਤਰਾਂ ਦਾ ਖਰਚਾ ਵੀ ਅਥਾਰਟੀ ਵੱਲੋਂ ਕੀਤਾ ਜਾਂਦਾਏ , ਬੁਲਾਰਿਆਂ ਨੇ ਦੱਸਿਆ ਕਿ ਅਥਾਰਟੀ ਵੱਲੋਂ ਸਮੇਂ-ਸਮੇਂ ਤੇ ਲੋਕ ਅਦਾਲਤਾਂ ਵੀ ਲਗਾਈਆਂ ਜਾਂਦੀਆਂ ਨੇ ਜਿਨਾਂ ਵਿੱਚ ਕੇਸ ਲਗਾ ਕੇ ਮਹਿਲਾਵਾਂ ਆਪਣੇ ਫੈਸਲੇ ਮੁਫਤ ਵਿੱਚ ਹਾਸਿਲ ਕਰ ਸਕਦੇ ਨੇ।

-----------------------------------------------------------

**<u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਸਿੱਖਿਆ ਦਾ ਵਪਾਰੀਕਰਨ ਸਿੱਖਿਆ ਦੀ ਗੁਣਵੱਤਾ ’ਤੇ ਮਾੜਾ ਅਸਰ ਪਾ ਰਿਹਾ ਏ, ਜਿਸਨੂੰ ਰੋਕਣ ਦੀ ਜਰੂਰਤ ਏ।
- ਕੇਂਦਰ ਸਰਕਾਰ ਵੱਲੋਂ ਮਨਜ਼ੂਰਸ਼ੁਦਾ ਕਣਕ ਦੀਆਂ 13 ਨਵੀਆਂ ਕਿਸਮਾਂ ਦੇ ਬੀਜਾਂ ਦੀ ਵੰਡ ਦਾ ਕੰਮ ਕਰਨਾਲ ਦੇ ਰਾਸ਼ਟਰੀ ਕਣਕ ਅਤੇ ਜੌਂ ਖੋਜ ਸੰਸਥਾਨ ਵਿੱਚ ਅੱਜ ਤੋਂ ਸ਼ੁਰੂ।

- ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ, ਪੰਜਾਬ ਇੰਜਨੀਅਰਿੰਗ ਕਾਲਜ ਦੀ 54ਵੀਂ ਕਨਵੋਕੇਸ਼ਨ ਦੌਰਾਨ, ਕਰੀਬ 763 ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕੀਤੀਆਂ।
- ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ।
- 41ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ, ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਅੱਜ ਤੋਂ ਸ਼ੁਰੂ।